ਭੈਰਉ ਮਹਲਾ ੫ ॥ ਸੰਤ ਮੰਡਲ ਮਹਿ ਹਰਿ ਮਨਿ ਵਸੈ ॥ ਸੰਤ ਮੰਡਲ ਮਹਿ ਦੁਰਤੁ ਸਭੁ ਨਸੈ ॥ ਸੰਤ ਮੰਡਲ ਮਹਿ ਨਿਰਮਲ ਰੀਤਿ ॥ ਸੰਤਸੰਗਿ ਹੋਇ ਏਕ ਪਰੀਤਿ ॥ ੧॥ ਸੰਤ ਮੰਡਲੁ ਤਹਾ ਕਾ ਨਾਉ ॥ ਪਾਰਬ੍ਰਹਮ ਕੇਵਲ ਗੁਣ ਗਾਉ ॥੧॥ ਰਹਾਉ ॥ ਸੰਤ ਮੰਡਲ ਮਹਿ ਜਨਮ ਮਰਣੁ ਰਹੈ ॥ ਸੰਤ ਮੰਡਲ ਮਹਿ ਜਮੁ ਕਿਛੂ ਨ ਕਹੈ ॥ ਸੰਤਸੰਗਿ ਹੋਇ ਨਿਰਮਲ ਬਾਣੀ ॥ ਸੰਤ ਮੰਡਲ ਮਹਿ ਨਾਮੁ ਵਖਾਣੀ ॥੨॥ ਸੰਤ ਮੰਡਲ ਕਾ ਨਿਹਚਲ ਆਸਨੁ ॥ ਸੰਤ ਮੰਡਲ ਮਹਿ ਪਾਪ ਬਿਨਾਸਨੁ ॥ ਸੰਤ ਮੰਡਲ ਮਹਿ ਨਿਰਮਲ ਕਥਾ ॥ ਸੰਤਸੰਗਿ ਹਉਮੈ ਦੁਖ ਨਸਾ ॥੩॥ ਸੰਤ ਮੰਡਲ ਕਾ ਨਹੀ ਬਿਨਾਸੁ ॥ ਸੰਤ ਮੰਡਲ ਮਹਿ ਹਰਿ ਗੁਣਤਾਸੁ ॥ ਸੰਤ ਮੰਡਲ ਠਾਕੁਰ ਬਿਸ੍ਰਾਮੁ ॥ ਨਾਨਕ ਓਤਿ ਪੋਤਿ ਭਗਵਾਨੁ ॥ ੪॥੨੪॥੩੭॥ {ਪੰਨਾ 1146}

ਪਦਅਰਥ:- ਸੰਤ ਮੰਡਲ—ਸਾਧ ਸੰਗਤਿ। ਮਨਿ—ਮਨ ਵਿਚ। ਵਸੈ—ਆ ਵੱਸਦਾ ਹੈ। ਦੁਰਤੁ—{duirq} ਪਾਪ। ਰੀਤਿ—ਜੀਵਨ-ਮਰਯਾਦਾ, ਜੀਵਨ-ਜੁਗਤਿ। ਨਿਰਮਲ—ਵਿਕਾਰਾਂ ਦੀ ਮੈਲ ਤੋਂ ਸਾਫ਼ (ਰੱਖਣ ਵਾਲੀ)। ਸੰਤ ਸੰਗਿ—ਸਾਧ ਸੰਗਤਿ ਵਿਚ। ਏਕ ਪਰੀਤਿ—ਇਕ ਪਰਮਾਤਮਾ ਦਾ ਪਿਆਰ।1।

ਤਹਾ ਕਾ—ਉਸ (ਥਾਂ) ਦਾ। ਕੇਵਲ—ਸਿਰਫ਼। ਗੁਣ ਗਾਉ—ਗੁਣਾਂ ਦਾ ਗਾਇਨ, ਸਿਫ਼ਤਿ-ਸਾਲਾਹ।1। ਰਹਾਉ।

ਰਹੈ—ਮੁੱਕ ਜਾਂਦਾ ਹੈ। ਨਿਰਮਲ ਬਾਣੀ—ਪਵਿੱਤਰ ਕਰਨ ਵਾਲੀ ਬਾਣੀ (ਦਾ ਉਚਾਰ)। ਵਖਾਣੀ—ਉਚਾਰਿਆ ਜਾਂਦਾ ਹੈ।2।

ਨਿਹਚਲ—(ਵਿਕਾਰਾਂ ਵਲੋਂ) ਅਡੋਲ। ਆਸਨੁ—(ਹਿਰਦਾ-) ਆਸਣ। ਨਸਾ—ਨੱਠ ਜਾਂਦਾ ਹੈ, ਦੂਰ ਹੋ ਜਾਂਦਾ ਹੈ।3।

ਗੁਣਤਾਸੁ—ਗੁਣਾਂ ਦਾ ਖ਼ਜ਼ਾਨਾ। ਠਾਕੁਰ ਬਿਸ੍ਰਾਮੁ—ਮਾਲਕ-ਪ੍ਰਭੂ ਦਾ ਨਿਵਾਸ। ਓਤਿ—ਉਣੇ ਹੋਏ ਵਿਚ। ਪੋਤਿ—ਪ੍ਰੋਤੇ ਹੋਏ ਵਿਚ। ਓਤਿ ਪੋਤਿ—ਤਾਣੇ ਪੇਟੇ ਵਿਚ, ਜਿਵੇਂ ਤਾਣੇ ਪੇਟੇ ਦੇ ਧਾਗੇ ਆਪੋ ਵਿਚ ਮਿਲੇ ਹੁੰਦੇ ਹਨ।4।

ਅਰਥ:- ਹੇ ਭਾਈ! ਸਾਧ ਸੰਗਤਿ ਉਸ ਥਾਂ ਦਾ ਨਾਮ ਹੈ ਜਿਥੇ ਸਿਰਫ਼ ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੁੰਦੀ ਹੈ।1। ਰਹਾਉ।

ਹੇ ਭਾਈ! ਸਾਧ ਸੰਗਤਿ ਵਿਚ (ਰਿਹਾਂ) ਪਰਮਾਤਮਾ (ਮਨੁੱਖ ਦੇ) ਮਨ ਵਿਚ ਆ ਵੱਸਦਾ ਹੈ (ਪਰਗਟ ਹੋ ਪੈਂਦਾ ਹੈ)। ਸਾਧ ਸੰਗਤਿ ਵਿਚ ਟਿਕਿਆਂ (ਹਿਰਦੇ ਵਿਚੋਂ) ਹਰੇਕ ਕਿਸਮ ਦਾ ਪਾਪ ਦੂਰ ਹੋ ਜਾਂਦਾ ਹੈ। ਸਾਧ ਸੰਗਤਿ ਵਿਚ ਰਿਹਾਂ (ਮਨੁੱਖ ਦੀ) ਜੀਵਨ-ਜੁਗਤਿ ਵਿਕਾਰਾਂ ਦੀ ਮੈਲ ਤੋਂ ਸਾਫ਼ ਰੱਖਣ ਵਾਲੀ ਬਣ ਜਾਂਦੀ ਹੈ, ਸਾਧ ਸੰਗਤਿ ਦੀ ਬਰਕਤਿ ਨਾਲ ਇਕ ਪਰਮਾਤਮਾ ਦਾ ਪਿਆਰ (ਹਿਰਦੇ ਵਿਚ ਪੈਦਾ) ਹੋ ਜਾਂਦਾ ਹੈ।1।

ਹੇ ਭਾਈ! ਸਾਧ ਸੰਗਤਿ ਵਿਚ ਰਿਹਾਂ ਜਨਮ ਮਰਨ (ਦਾ ਗੇੜ) ਮੁੱਕ ਜਾਂਦਾ ਹੈ, ਸਾਧ ਸੰਗਤਿ ਵਿਚ ਰਿਹਾਂ ਜਮਰਾਜ ਕੋਈ ਡਰਾਵਾ ਨਹੀਂ ਦੇ ਸਕਦਾ (ਕਿਉਂਕਿ) ਸਾਧ ਸੰਗਤਿ ਵਿਚ (ਜੀਵਨ ਨੂੰ) ਪਵਿੱਤਰ ਕਰਨ ਵਾਲੀ ਬਾਣੀ ਦਾ ਉਚਾਰਨ ਹੁੰਦਾ ਹੈ, (ਉਥੇ) ਪਰਮਾਤਮਾ ਦਾ ਨਾਮ (ਹੀ) ਉਚਾਰਿਆ ਜਾਂਦਾ ਹੈ।2।

ਹੇ ਭਾਈ! ਸਾਧ ਸੰਗਤਿ ਦਾ ਟਿਕਾਣਾ (ਐਸਾ ਹੈ ਕਿ ਉਥੇ ਟਿਕਣ ਵਾਲੇ ਵਿਕਾਰਾਂ ਦੇ ਹੱਲਿਆਂ ਤੋਂ) ਅਡੋਲ (ਰਹਿੰਦੇ ਹਨ), ਸਾਧ ਸੰਗਤਿ ਵਿਚ ਰਿਹਾਂ (ਸਾਰੇ) ਪਾਪਾਂ ਦਾ ਨਾਸ ਹੋ ਜਾਂਦਾ ਹੈ। ਸਾਧ ਸੰਗਤਿ ਵਿਚ ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੁੰਦੀ ਰਹਿੰਦੀ ਹੈ ਜੋ (ਮਨੁੱਖ ਨੂੰ) ਵਿਕਾਰਾਂ ਦੀ ਮੈਲ ਤੋਂ ਬਚਾਈ ਰੱਖਦੀ ਹੈ। ਸਾਧ ਸੰਗਤਿ ਵਿਚ ਰਹਿ ਕੇ ਹਉਮੈ (ਤੋਂ ਪੈਦਾ ਹੋਣ ਵਾਲੇ ਸਾਰੇ) ਦੁੱਖ ਦੂਰ ਹੋ ਜਾਂਦੇ ਹਨ।3।

ਹੇ ਭਾਈ! ਸਾਧ ਸੰਗਤਿ ਵਿਚ ਗੁਣਾਂ ਦਾ ਖ਼ਜ਼ਾਨਾ ਪਰਮਾਤਮਾ (ਸਦਾ) ਵੱਸਦਾ ਹੈ, (ਇਸ ਵਾਸਤੇ) ਸਾਧ ਸੰਗਤਿ ਦੇ

ਵਾਯੂ-ਮੰਡਲ ਦਾ ਕਦੇ ਨਾਸ ਨਹੀਂ ਹੁੰਦਾ। ਹੇ ਨਾਨਕ! ਸਾਧ ਸੰਗਤਿ ਵਿਚ ਸਦਾ ਮਾਲਕ-ਪ੍ਰਭੂ ਦਾ ਨਿਵਾਸ ਹੈ। ਭਗਵਾਨ-ਪ੍ਰਭੂ (ਸਾਧ ਸੰਗਤਿ ਵਿਚ) ਤਾਣੇ ਪੇਟੇ ਵਾਂਗ ਮਿਲਿਆ ਰਹਿੰਦਾ ਹੈ।4। 24। 37।